# ਰਾਜ ਵਿਦਿਅਕ ਖੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ

Azadi Ka Amrit Mahotsav

ਪੀ.ਐਸ.ਈ.ਬੀ. ਕੰਪਲੈਕਸ, ਵਿੱਦਿਆ ਭਵਨ, ਬਲਾਕ-ਈ, ਛੇਵੀਂ ਮੰਜਿਲ, ਫੇਜ਼-8, ਮੋਹਾਲੀ

ਈਮੇਲ: directorscert@punjabeducation.gov.in, ਫੋਨ ਨੰ: 0172-2212221


ਵੱਲ -

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.),
ਸਮੂਹ ਜਿਲ੍ਹਾ ਸਿੱਖਿਆ ਅਫਸਰ(ਐ.ਸਿ),
ਪੰਜਾਬ।

ਪੱਤਰ ਨੰ: ਮਿਸ਼ਨ100%/2023/ 604024-08
ਮਿਤੀ: 30.11.2023

ਵਿਸ਼ਾ:- ਮਿਸ਼ਨ 100% 'ਗਿਵ ਯੂਅਰ ਬੈਸਟ' ਦੇ ਲਾਂਚ ਪ੍ਰੋਗਰਾਮ ਸਬੰਧੀ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਜਿਵੇਂ ਕਿ ਆਪ ਜੀ ਨੂੰ ਪਤਾ ਹੈ ਕਿ ਮਾਨਯੋਗ ਸਿੱਖਿਆ ਮੰਤਰੀ, ਪੰਜਾਬ ਜੀ ਵੱਲੋਂ ਬੋਰਡ ਦੀਆਂ ਜਮਾਤਾਂ ਦੇ ਬਿਹਤਰ ਨਤੀਜੇ ਲਿਆਉਣ ਲਈ ਦਸੰਬਰ 2022 ਦੌਰਾਨ ਮਿਸ਼ਨ 100% 'ਗਿਵ ਯੂਅਰ ਬੈਸਟ' ਪ੍ਰੋਗਰਾਮ ਲਾਂਚ ਕੀਤਾ ਗਿਆ ਸੀ। ਇਸ ਪ੍ਰੋਗਰਾਮ ਦੇ ਬਹੁਤ ਸਾਰਥਕ ਨਤੀਜੇ ਪ੍ਰਾਪਤ ਹੋਏ ਸਨ। ਇਸ ਲਈ ਪ੍ਰੋਗਰਾਮ ਦੀ ਸਫਲਤਾ ਨੂੰ ਦੇਖਦੇ ਹੋਇਆਂ ਇਸ ਸਾਲ ਵੀ ਇਸ ਪ੍ਰੋਗਰਾਮ ਦੀ ਸ਼ੁਰੂਆਤ ਮਾਨਯੋਗ ਸਿੱਖਿਆ ਮੰਤਰੀ ਜੀ ਵਲੋਂ ਮਿਤੀ 01.12.2023 ਨੂੰ ਸਵੇਰੇ 11.00 ਵਜੇ ਪੰਜਾਬ ਸਕੂਲ ਸਿੱਖਿਆ ਬੋਰਡ, ਐਸ.ਏ.ਐਸ ਨਗਰ ਦੇ ਆਡੀਟੋਰੀਅਮ ਵਿੱਚ ਕੀਤੀ ਜਾਣੀ ਹੈ।

ਇਸ ਪ੍ਰੋਗਰਾਮ ਵਿੱਚ ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ.), ਸਮੂਹ ਪ੍ਰਿੰਸੀਪਲ ਜਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ, ਸਮੂਹ ਉੱਪ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਸਮੂਹ ਬੀ.ਐੱਨ.ਓ. ਅਤੇ ਨਾਲ ਨੱਥੀ ਲਿਸਟ ਅਨੁਸਾਰ ਕੇਵਲ ਸਕੂਲ ਮੁੱਖੀ ਸ਼ਾਮਲ ਹੋਣਗੇ।

ਆਪ ਨੂੰ ਲਿਖਿਆ ਜਾਂਦਾ ਹੈ ਕਿ ਸਮੂਹ ਸਬੰਧਤਾਂ ਨੂੰ ਸੂਚਿਤ ਕੀਤਾ ਜਾਵੇ ਕਿ ਉਹ ਮਿਤੀ 01.12.2023 ਨੂੰ ਸਵੇਰੇ 10.30 ਵਜੇ ਤੱਕ ਪੰਜਾਬ ਸਕੂਲ ਸਿੱਖਿਆ ਬੋਰਡ, ਐਸ.ਏ.ਐਸ ਨਗਰ ਦੇ ਆਡੀਟੋਰੀਅਮ ਵਿੱਚ ਪਹੁੰਚਣਾ ਯਕੀਨੀ ਬਣਾਉਣ।

ਡਾਇਰੈਕਟਰ
ਐਸ.ਸੀ.ਈ.ਆਰ.ਟੀ. ਪੰਜਾਬ

ਪਿੱਠ ਅੰਕਣ ਨੰ: 09-15 ਮਿਤੀ: 30.11.2023

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸਬੰਧਤ ਅਫਸਰ ਸਾਹਿਬਾਨ ਨੂੰ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਦੀ ਬੇਨਤੀ ਸਹਿਤ ਸੂਚਿਤ ਕਰਨ ਹਿੱਤ ਭੇਜਿਆ ਜਾਂਦਾ ਹੈ:

1. ਪੀ.ਏ. ਟੂ ਮਾਨਯੋਗ ਸਿੱਖਿਆ ਮੰਤਰੀ, ਪੰਜਾਬ।
2. ਪੀ.ਏ. ਟੂ ਮਾਨਯੋਗ ਸਕੱਤਰ ਸਕੂਲ ਸਿੱਖਿਆ, ਪੰਜਾਬ।

3. ਪੀ.ਏ. ਟੂ ਸਮੂਹ ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ ਪੰਜਾਬ।
4. ਪੀ.ਏ. ਟੂ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
5. ਪੀ.ਏ. ਟੂ ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ), ਪੰਜਾਬ।
6. ਪੀ.ਏ. ਟੂ ਡਾਇਰੈਕਟਰ ਸਕੂਲ ਸਿੱਖਿਆ (ਐਲੀਮੈਂਟਰੀ), ਪੰਜਾਬ।
7. ਸਮੂਹ ਸਹਾਇਕ ਡਾਇਰੈਕਟਰ/ ਡਿਪਟੀ ਐਸ.ਪੀ.ਡੀ.

ਡਾਇਰੈਕਟਰ
ਐਸ.ਸੀ.ਈ.ਆਰ.ਟੀ. ਪੰਜਾਬ